CIN: L67120PB1993PLC013169

# Regency Fincorp Limited

(Formerly Known as: Regency Investments Limited)
Corp & Regd Office: SCO 6 Upper Ground Floor LA MER, PR 7, Airport Road,
Zirakpur140603, Punjab.
Contact No: +91 7717593645, Web: www. regencyfincorp.co.in
E-mail: regencyinvestmentsltd@gmail.com

**Date: 4th February, 2026**

**To**
**The Listing Department**
**BSE Limited,**
**25th Floor, Phiroze Jeejeebhoy Towers,**
**Dalal Street Mumbai, Maharashtra – 400001**

**Sub.: INTIMATION UNDER REGULATION 47 OF SEBI (LISTING OBLIGATIONS AND DISCLOSURE REQUIREMENTS) REGULATIONS, 2015**

**Ref: Regency Fincorp Limited (Scrip Code: 540175)**

Dear Sir/Madam,

Pursuant to Regulation 47 of SEBI (Listing Obligations and Disclosure Requirements) Regulations, 2015, we wish to inform you that the Un-audited Financial Results of the Company for the Quarter ended on 31st December 2025 which were considered and approved by the Board of Directors at their meeting held on **Monday, 2nd February 2026** through Video Conferencing have been published in newspapers namely **"Desh Sevak- Chandigarh Edition"**, a Punjabi Daily Newspaper and **"Financial Express- Chandigarh Edition"**, an English Daily Newspaper on **4th February 2026.**

The cuttings of the above-mentioned newspapers evidencing the publication of the said Un-audited Financial Results for the Quarter ended 31st December 2025 are enclosed herewith for your ready reference.

This is for your kind information and record.

Thanking You.

**For Regency Fincorp Limited**

Abhimanyu
Digitally signed by Abhimanyu
Date: 2026.02.04 16:46:38 +05'30'

**Abhimanyu**
**Company Secretary & Compliance officer**
**M No. 49176**

**Encl: a/a**

# ਪਦਮਸ਼੍ਰੀ ਰਾਜਿੰਦਰ ਗੁਪਤਾ ਨੇ ਰਾਜ ਸਭਾ 'ਚ ਸਰਕਾਰੀ ਸਿੱਖਿਆ ਪ੍ਰਣਾਲੀ ਮਜ਼ਬੂਤ ਕਰਨ ਦਾ ਮਸਲਾ ਉਠਾਇਆ।

**ਧਰਮਪਾਲ ਸਿੰਘ, ਬਲਜੀਤ ਕੌਰ**

**ਬਰਨਾਲਾ/3 ਫਰਵਰੀ :** ਰਾਜ ਸਭਾ ਮੈਂਬਰ ਪਦਮ ਸ਼੍ਰੀ ਰਾਜਿੰਦਰ ਗੁਪਤਾ ਨੇ ਦੇਸ਼ ਦੀ ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਦੁਬਾਰਾ ਭਰੋਸਾ, ਮਰਿਆਦਾ ਅਤੇ ਗੁਣਵੱਤਾ ਕਾਇਮ ਕਰਨੀ ਸਮੇਂ ਦੀ ਮੁੱਖ ਲੋੜ ਹੈ। ਗੁਪਤਾ ਨੇ ਆਪਣੇ ਸੰਬੋਧਨ ਦੀ ਸ਼ੁਰੂਆਤ ਡਾ. ਭੀਮਰਾਓ ਅੰਬੇਡਕਰ ਦੇ ਸ਼ਬਦਾਂ ਨਾਲ ਕੀਤੀ "ਰਾਜਨੀਤਿਕ ਲੋਕਤੰਤਰ ਤਦੋਂ ਤੱਕ ਕਾਇਮ ਨਹੀਂ ਰਹਿ ਸਕਦਾ, ਜਦੋਂ ਤੱਕ ਉਸ ਦੀ ਨੀਂਹ ਵਿੱਚ ਸਮਾਜਿਕ ਲੋਕਤੰਤਰ ਨਾ ਹੋਵੇ,"ਅਤੇ ਸਮਾਜਿਕ ਲੋਕਤੰਤਰ ਦੀ ਸ਼ੁਰੂਆਤ ਸਾਂਝੀ ਤੇ ਸਮਾਨ ਸਿੱਖਿਆ ਨਾਲ ਹੁੰਦੀ ਹੈ। ਉਨ੍ਹਾਂ ਹਾਲ ਹੀ ਵਿੱਚ ਪੇਸ਼ ਕੀਤੇ ਆਰਥਿਕ ਸਰਵੇਖਣ 2025-26 ਦਾ ਹਵਾਲਾ ਦਿੰਦਿਆਂ ਕਿਹਾ ਕਿ ਭਾਰਤ ਦੁਨੀਆ ਦੀਆਂ ਸਭ ਤੋਂ ਵੱਡੀਆਂ ਸਕੂਲੀ ਸਿੱਖਿਆ ਪ੍ਰਣਾਲੀਆਂ ਵਿੱਚੋਂ ਇੱਕ ਹੈ, ਜਿੱਥੇ



ਕਰੀਬ 15 ਲੱਖ ਸਕੂਲ, ਲਗਭਗ 25 ਕਰੋੜ ਵਿਦਿਆਰਥੀ ਅਤੇ 1 ਕਰੋੜ ਤੋਂ ਵੱਧ ਅਧਿਆਪਕ ਹਨ, ਪਰ ਇਸ ਦੇ ਬਾਵਜੂਦ ਪ੍ਰਾਇਮਰੀ ਪੱਧਰ ਤੋਂ ਅੱਗੇ ਸਿੱਖਣ ਦੇ ਠੋਸ ਨਤੀਜੇ ਨਹੀਂ ਨਿਕਲ ਰਹੇ। ਆਰਥਿਕ ਸਰਵੇਖਣ ਦੇ ਅੰਕੜਿਆਂ ਵੱਲ ਇਸ਼ਾਰਾ ਕਰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਦੇ 54 ਫੀਸਦੀ ਸਕੂਲ ਸਿਰਫ਼ ਬੁਨਿਆਦੀ ਅਤੇ ਤਿਆਰੀ ਪੱਧਰ ਦੀ ਸਿੱਖਿਆ ਤੱਕ ਸੀਮਿਤ ਹਨ, ਜਦਕਿ ਗ੍ਰਾਮੀਣ ਭਾਰਤ ਵਿੱਚ ਸਿਰਫ਼ 17 ਫੀਸਦੀ ਸਕੂਲਾਂ ਵਿੱਚ ਹੀ ਮਾਧਿਆਮਿਕ ਸਿੱਖਿਆ ਦੀ ਸੁਵਿਧਾ ਹੈ। ਇਹ ਹਾਲਤ ਪ੍ਰਾਇਮਰੀ ਪੱਧਰ ਤੋਂ ਬਾਅਦ ਅਗੇ ਦੀ ਸਿੱਖਿਆ ਤੱਕ ਪਹੁੰਚ ਵਿੱਚ ਵੱਡੀ ਅਸਮਾਨਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਈ ਵਾਰ ਨੀਤੀ ਨਿਰਧਾਰਕ ਅਤੇ ਅਧਿਕਾਰੀ ਆਪਣੇ ਹੀ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਨਹੀਂ ਪੜ੍ਹਾਉਂਦੇ, ਜੋ ਸਾਡੇ ਸਰਕਾਰੀ ਸੰਸਥਾਨਾਂ 'ਤੇ ਘਟਦੇ ਭਰੋਸੇ ਦੀ ਤਸਵੀਰ ਪੇਸ਼ ਕਰਦਾ ਹੈ।ਨਿੱਜੀ ਸਕੂਲਾਂ ਦੀ ਵਧਦੀ ਫੀਸ ਬਾਰੇ ਗੱਲ ਕਰਦਿਆਂ ਰਾਜਿੰਦਰ ਗੁਪਤਾ ਨੇ ਕਿਹਾ ਕਿ ਫੀਸਾਂ ਵਿੱਚ ਹਰ ਸਾਲ 10 ਤੋਂ 15 ਫੀਸਦੀ ਤੱਕ ਵਾਧਾ ਹੋ ਰਿਹਾ ਹੈ, ਜਿਸ ਕਾਰਨ ਪਰਿਵਾਰ ਕਰਜ਼ੇ ਦੇ ਬੋਝ ਹੇਠ ਆ ਰਹੇ ਹਨ। ਇਸ ਦੇ ਨਾਲ ਹੀ ਕੋਚਿੰਗ ਉਦਯੋਗ ਅੱਜ ਲਗਭਗ 58 ਹਜ਼ਾਰ ਕਰੋੜ ਰੁਪਏ ਦੇ ਬਜ਼ਾਰ ਵਿੱਚ ਬਦਲ ਚੁੱਕਾ ਹੈ, ਜੋ ਸਿੱਖਿਆ ਵਿੱਚ ਵਧ ਰਹੀ ਅਸਮਾਨਤਾ ਨੂੰ ਹੋਰ ਗੰਭੀਰ ਕਰਦਾ ਹੈ। ਉਨ੍ਹਾਂ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਵੱਲੋਂ ਸਿੱਖਿਆ ਬਜਟ ਵਿੱਚ 8.2 ਫੀਸਦੀ ਵਾਧਾ ਕਰਕੇ ਇਸਨੂੰ 1.39 ਲੱਖ ਕਰੋੜ ਰੁਪਏ ਦੇ ਇਤਿਹਾਸਕ ਪੱਧਰ ਤੱਕ ਲਿਜਾਣ ਦੀ ਸਰਾਹਨਾ ਕੀਤੀ, ਪਰ ਨਾਲ ਹੀ ਕਿਹਾ ਕਿ ਇਸ ਦੇ ਬਾਵਜੂਦ ਸਿੱਖਿਆ 'ਤੇ ਕੁੱਲ ਸਰਕਾਰੀ ਖਰਚ ਅਜੇ ਵੀ ਕੌਮੀ ਸਿੱਖਿਆ ਨੀਤੀ 2020 ਵਿੱਚ ਸੁਝਾਏ ਗਏ ਜੀਡੀਪੀ ਦੇ 6 ਫੀਸਦੀ ਟੀਚੇ ਤੋਂ ਘੱਟ ਹੈ।ਰਾਜ ਸਭਾ ਮੈਂਬਰ ਨੇ ਮੰਗ ਕੀਤੀ ਕਿ ਸਰਕਾਰੀ ਸਿੱਖਿਆ ਨੂੰ ਮਿਸ਼ਨ ਮੋਡ ਵਿੱਚ ਮਜ਼ਬੂਤ ਕੀਤਾ ਜਾਵੇ, ਸਰਕਾਰੀ ਸਕੂਲਾਂ ਵਿੱਚ ਗੁਣਵੱਤਾ ਅਤੇ ਸ਼੍ਰੇਸ਼ਠਤਾ ਨੂੰ ਮੁੜ ਸਥਾਪਿਤ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਹਰ ਬੱਚਾ, ਭਾਵੇਂ ਉਸ ਦਾ ਜਨਮ ਕਿਸੇ ਵੀ ਪਿਛੋਕੜ ਵਿੱਚ ਹੋਇਆ ਹੋਵੇ, ਇਕਸਾਰ ਸਿੱਖਿਆਈ ਨੀਂਹ ਨਾਲ ਜੀਵਨ ਦੀ ਸ਼ੁਰੂਆਤ ਕਰੇ। ਅੰਤ ਵਿੱਚ ਉਨ੍ਹਾਂ ਜੀਐੱਸਟੀ ਕੌਂਸਲ ਦੀ ਤਰਜ਼ 'ਤੇ ਇੱਕ "ਕੌਮੀ ਸਕੂਲ ਫੀਸ ਕੌਂਸਲ"ਬਣਾਉਣ ਦਾ ਪ੍ਰਸਤਾਵ ਵੀ ਰੱਖਿਆ, ਤਾਂ ਜੋ ਕੇਂਦਰ ਅਤੇ ਰਾਜ ਮਿਲ ਕੇ ਸਕੂਲਾਂ ਦੀ ਫੀਸ ਲਈ ਪਾਰਦਰਸ਼ੀ ਤੇ ਨਿਆਂਸੰਗਤ ਮਾਪਦੰਡ ਤੈਅ ਕਰ ਸਕਣ ਅਤੇ ਖੇਤਰੀ ਵਿਭਿੰਨਤਾਵਾਂ ਦਾ ਵੀ ਸਨਮਾਨ ਕੀਤਾ ਜਾ ਸਕੇ।ਗੁਪਤਾ ਨੇ ਕਿਹਾ ਕਿ ਦੇਸ਼ ਦੇ ਲੋਕਤੰਤਰ ਦਾ ਭਵਿੱਖ ਅੱਜ ਕਲਾਸ ਰੂਮਾਂ ਵਿੱਚ ਰੱਖੀ ਜਾ ਰਹੀ ਨੀਂਹ 'ਤੇ ਨਿਰਭਰ ਕਰਦਾ ਹੈ ਅਤੇ ਸਿੱਖਿਆ ਨੂੰ ਸਸਤੀ, ਸਮਾਨ ਅਤੇ ਭਰੋਸੇਯੋਗ ਬਣਾਉਣਾ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।

# ਕੁਲ ਹਿੰਦ ਕਿਸਾਨ ਸਭਾ ਤੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਕੇਂਦਰੀ ਬਜਟ ਦੀਆਂ ਕਾਪੀਆਂ ਸਾੜੀਆਂ

**ਵਿਪਨ ਗਰੋਵਰ/ ਜੋਗਿੰਦਰ ਪਾਲ ਮਾਲੜਾ**

**ਧਰਮਕੋਟ, ਕੋਟ ਈਸੇ ਖਾਂ/3 ਫ਼ਰਵਰੀ :** ਕੁਲ ਹਿੰਦ ਕਿਸਾਨ ਸਭਾ ਅਤੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਸੀਟੂ ਜ਼ਿਲ੍ਹਾ ਮੋਗਾ ਵੱਲੋ ਕਾਮਰੇਡ ਸੁਰਜੀਤ ਸਿੰਘ ਗਗੜਾ ਮੀਤ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਅਤੇ ਕਾਮਰੇਡ ਰਾਮ ਕ੍ਰਿਸ਼ਨ ਧਰਮਕੋਟ ਜ਼ਿਲ੍ਹਾ ਜਨਰਲ ਸਕੱਤਰ ਕੁੱਲ ਹਿੰਦ ਖੇਤ ਮਜ਼ਦੂਰ ਮੋਗਾ ਦੀ ਅਗਵਾਈ ਵਿੱਚ ਕੇਂਦਰੀ ਬਜਟ ਦੀਆਂ ਕਾਪੀਆਂ ਸਾੜੀਆਂ ਗਈਆ। ਇਸ ਮੌਕੇ ਕਾਮਰੇਡ ਗਗੜਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਵੱਲੋ ਸੰਸਦ ਵਿੱਚ ਪੇਸ਼ ਕੀਤੇ ਗਏ ਬਜਟ ਚ ਮਜ਼ਦੂਰਾਂ ਅਤੇ ਪੰਜਾਬ ਦੀ ਕਿਸਾਨੀ ਨੂੰ ਕੋਈ ਰਾਹਤ ਨਹੀ ਦਿੱਤੀ ਗਈ। ਉਹਨਾਂ ਕਿਹਾ ਕਿ ਇਸ ਤੋ



ਪਹਿਲਾ ਵੀ ਕੇਂਦਰ ਸਰਕਾਰ ਵੱਲੋ ਬੀਜ ਅਤੇ ਬਿਜਲੀ ਬਿੱਲ 2025 ਅਤੇ ਮਨਰੇਗਾ ਦੀ ਥਾਂ ਜੀ ਰਾਮ ਜੀ ਬਿੱਲ ਪੇਸ਼ ਕੀਤੇ ਗਏ ਜੋ ਕਿ ਮਜ਼ਦੂਰ ਅਤੇ ਕਿਸਾਨ ਵਿਰੋਧੀ ਹਨ। ਹੋਰਨਾਂ ਤੋ ਇਲਾਵਾ ਕਾਮਰੇਡ ਬਲਰਾਮ ਸਿੰਘ ਠਾਕੁਰ, ਕਾਮਰੇਡ ਪਿਆਰਾ ਸਿੰਘ ਜਾਨੀਆ, ਕਾਮਰੇਡ ਗੁਰਿੰਦਰ ਸਿੰਘ ਵੈਰੜ, ਕਾਮਰੇਡ ਸੁਰਿੰਦਰ ਪਾਲ, ਕਾਮਰੇਡ ਹਰਭਜਨ ਸਿੰਘ ਮਹਿਲ, ਡਾਕਟਰ ਸ਼ਰਨਜੀਤ ਸਿੰਘ, ਕਾਮਰੇਡ ਸੁਖਦੇਵ ਸਿੰਘ ਗਲੋਟੀ, ਕਾਮਰੇਡ ਬਲਦੇਵ ਸਿੰਘ ਚੱਕੀ ਵਾਲਾ, ਕਾਮਰੇਡ ਕੁਲਵਿੰਦਰ ਸਿੰਘ ਰਡਿਆਲਾ, ਸੁਖਵਿੰਦਰ ਸਿੰਘ ਕਾਲਾ, ਨਵਕਾਸ਼ ਖੇਤੀ ਸੇਵਾ ਸੈਂਟਰ, ਨਿਰੰਜਨ ਸਿੰਘ, ਸੁਖਪਾਲ ਸਿੰਘ ਲਹਿਰਾ ਅਤੇ ਕਾਮਰੇਡ ਬਲਵਿੰਦਰ ਸਿੰਘ ਆਦਿ ਸ਼ਾਮਿਲ ਸਨ।

# ਸ਼ੁਤਰਾਣਾ ਦੇ ਪਿੰਡ ਧਰਮਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

## ਗੁਰੂ ਸਾਹਿਬ ਦੇ ਬੇਗਮਪੁਰਾ ਦੇ ਸੰਕਲਪ ਨੂੰ ਪੂਰਾ ਕਰਨ ਲਈ ਇਕਜੁੱਟਤਾ ਜ਼ਰੂਰੀ : ਡਾ. ਮੱਟੂ

**ਰਮਨ ਜੋਸ਼ੀ**

**ਪਾਤੜਾਂ/3 ਫਰਵਰੀ :** ਪਟਿਆਲਾ ਦੇ ਹਲਕਾ ਸ਼ੁਤਰਾਣਾ ਦੇ ਪਿੰਡ ਧਰਮਗੜ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ



ਪਾਵਨ ਪ੍ਰਕਾਸ਼ ਪੁਰਬ ਮਨਾਉਂਦਿਆਂ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਮਾਗਮ ਵਿਚ ਹਲਕਾ ਸ਼ੁਤਰਾਣਾ ਦੇ ਹਰਮਨਪਿਆਰੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਸੰਗਤ ਵਿੱਚ ਹਾਜਰ ਹੋਏ। ਪਿੰਡ ਵਾਸੀਆਂ ਨੂੰ, ਹਲਕਾ ਸ਼ੁਤਰਾਣਾ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਪਾਵਨ ਪ੍ਰਗਟ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਗਮਾਂ ਤੋਂ ਰਹਿਤ, ਡਰ ਭੈਅ ਤੋਂ ਰਹਿਤ, ਬਰਾਬਰਤਾ ਵਾਲਾ ਸਮਾਜ ਸਿਰਜਣ ਲਈ ਬੇਗਮਪੁਰਾ ਦਾ ਸੁਪਨਾ ਲਿਆ ਸੀ। ਅੱਜ ਸਾਡੇ ਸਮਾਜ ਅੰਦਰ ਸਮੇਂ ਦੀਆਂ ਸਰਕਾਰਾਂ ਨੇ ਲੋਕਾਂ ਦੇ ਹੱਕਾਂ ਦਾ ਘਾਣ ਕੀਤਾ ਹੈ। ਰਾਜ ਵਿੱਚ ਇੰਨੀ ਦਿਨੀਂ ਡਰ, ਭੈਅ, ਚਿੰਤਾ ਵਾਲਾ ਮਾਹੌਲ ਹੈ। ਲੋਕਾਂ ਦੀ ਸ਼ਰੇਆਮ ਲੁੱਟ ਖਸੁੱਟ ਕੀਤੀ ਜਾ ਰਹੀ ਹੈ। ਪਿੰਡਾਂ ਵਿੱਚ ਲੋਕਾਂ ਨੂੰ ਮਿਲਦੇ ਮਗਨਰੇਗਾ ਦੇ ਰੁਜ਼ਗਾਰ ਨੂੰ ਬੰਦ ਕਰਕੇ ਗਰੀਬ ਲੋਕਾਂ ਦੀ ਰੋਟੀ ਖੋਹੀ ਜਾ ਰਹੀ ਹੈ। ਇਸ ਲਈ ਸਾਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਸਿਧਾਂਤ ਵਾਲਾ ਬੇਗਮਪੁਰਾ ਵਸਾਉਣ ਲਈ ਇਕ ਮੰਚ 'ਤੇ ਇਕੱਠੇ ਹੋਣਾ ਪਵੇਗਾ। ਸਾਨੂੰ ਆਪਣੇ ਹੱਕਾਂ ਅਧਿਕਾਰਾਂ ਦੀ ਰਾਖੀ ਲਈ ਇਕਜੁੱਟ ਹੋਣਾ ਪਵੇਗਾ ਤਾਂ ਜੋ ਅਸੀਂ ਸਾਡੇ ਗੁਰੂ ਸਾਹਿਬ ਦੇ ਦਿੱਤੇ ਸੰਕਲਪ ਨੂੰ ਪੂਰਾ ਕਰਕੇ ਨਵਾਂ ਸਮਾਜ ਸਿਰਜ ਸਕੀਏ।

# ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਢਿੱਲਵਾਂ ਵਿਖੇ ਦਸਤਾਰ ਸਿਖਲਾਈ ਕੈਂਪ ਲਾਇਆ



**ਯਾਦਵਿੰਦਰ ਸਿੰਘ ਤਪਾ, ਅਜਯਪਾਲ ਸਿੰਘ ਸੂਰੀਯਾ**

**ਤਪਾ ਮੰਡੀ/3 ਫਰਵਰੀ :** ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਢਿੱਲਵਾਂ ਵਿਖੇ ਪਿਛਲੇ ਕਈ ਦਿਨਾਂ ਤੋਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਵੱਲੋਂ ਬਖ਼ਸ਼ੀ ਹੋਈ ਅਮੋਲਕ ਦਾਤ ਦਸਤਾਰ ਸਜਾਉਣ ਸਬੰਧੀ ਵਿਸ਼ੇਸ਼ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਨਗਰ ਦੇ ਬੱਚਿਆਂ ਨੇ ਵੱਡੀ ਗਿਣਤੀ ਵਿੱਚ ਭਾਗ ਲੈ ਕੇ ਦਸਤਾਰ ਬੰਨ੍ਹਣ ਦੀ ਕਲਾ ਸਿੱਖੀ। ਕੈਂਪ ਦੇ ਅਯੋਜਨ ਮੌਕੇ ਬੱਚਿਆਂ ਦੇ ਦਸਤਾਰ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸਦੇ ਨਾਲ ਹੀ ਜਿਨ੍ਹਾਂ ਬੱਚਿਆਂ ਨੇ ਕੇਸ ਰੱਖੇ ਹੋਏ ਹਨ, ਉਨ੍ਹਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਤਾਂਕਿ ਹੋਰ ਬੱਚੇ ਵੀ ਗੁਰਸਿੱਖੀ ਜੀਵਨ ਵੱਲ ਪ੍ਰੇਰਿਤ ਹੋਣ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਿਹਾ ਗਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਧਾਰਮਿਕ ਅਤੇ ਪ੍ਰੇਰਣਾਦਾਇਕ ਉਪਰਾਲੇ ਜਾਰੀ ਰੱਖੇ ਜਾਣਗੇ, ਤਾਂਕਿ ਨਵੀਂ ਪੀੜ੍ਹੀ ਨੂੰ ਆਪਣੀ ਸਿੱਖ ਪਹਿਚਾਣ ਅਤੇ ਰਿਵਾਇਤਾਂ ਨਾਲ ਜੋੜਿਆ ਜਾ ਸਕੇ।

# ਰਾਸ਼ਟਰੀ ਪੱਧਰ ਦੇ ਗੁਰਮਤਿ ਗਿਆਨ ਮੁਕਾਬਲਿਆਂ 'ਚ ਦਸਮੇਸ਼ ਪਬਲਿਕ ਸਕੂਲ ਕੋਟਕਪੂਰਾ ਨੇ ਹਾਸਲ ਕੀਤਾ ਪਹਿਲਾ ਸਥਾਨ

**ਰਿੰਕੂ ਮਲਹੋਤਰਾ/ਬਲਜੀਤ ਖੀਵਾ/ਰਾਜ ਥਾਪਰ**

**ਕੋਟਕਪੂਰਾ/3 ਫਰਵਰੀ :** ਬੀਤੇ ਦਿਨੀਂ ਗੁਰੂ ਨਾਨਕ ਮਲਟੀਵਰਸਟੀ ਅਤੇ ਐਜੂਕੇਟ ਪ੍ਰੋਜੈਕਟ ਪੰਜਾਬ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਗੁਰਮਤਿ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਨੇ ਤਿੰਨ ਪੜਾਵਾਂ ਵਿੱਚੋਂ ਦੀ ਗੁਜ਼ਰਨਾ ਸੀ। ਪਹਿਲਾ ਪੜਾਅ ਸਕੂਲ ਪੱਧਰ ਦਾ, ਦੂਜਾ ਪੜਾਅ ਜ਼ਿਲ੍ਹਾ ਪੱਧਰ ਦਾ ਅਤੇ ਤੀਜਾ ਪੜਾਅ ਨੈਸ਼ਨਲ ਪੱਧਰ ਦਾ ਸੀ। ਇੱਥੇ ਇਹ ਜ਼ਿਕਰਯੋਗ ਹੈ ਕਿ ਦਸਮੇਸ਼ ਪਬਲਿਕ ਸਕੂਲ ਕੋਟਕਪੂਰਾ ਦੀਆਂ ਤਿੰਨ ਹੋਣਹਾਰ ਵਿਦਿਆਰਥਣਾਂ ਨਿਤਨੇਮ ਕੌਰ , ਗੁਰਸੀਰਤ ਕੌਰ ਅਤੇ ਗੁਰਨੂਰ ਕੌਰ ਨੇ ਇਹ ਤਿੰਨੇ ਪੜਾਅ ਪਾਰ ਕਰ ਲਏ ਅਤੇ 29 ਜਨਵਰੀ 2026 ਨੂੰ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਇਨਾਮ ਵੰਡ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ




ਦਸਮੇਸ਼ ਪਬਲਿਕ ਸਕੂਲ ਕੋਟਕਪੂਰਾ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਨਿਤਨੇਮ ਕੌਰ ਨੇ ਨੈਸ਼ਨਲ ਪੱਧਰ 'ਤੇ ਪਹਿਲਾ ਇਨਾਮ ਲੈਪਟਾਪ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਮਾਣ ਵਧਾਇਆ। ਗੁਰਸੀਰਤ ਕੌਰ ਅਤੇ ਗੁਰਨੂਰ ਕੌਰ ਨੂੰ ਵੀ ਸਮਾਰਟ ਘੜੀ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਮੁਖੀ ਡਾ. ਸੁਰਿੰਦਰ ਸਿੰਘ ਟੁਰਨਾ ਨੇ ਇਸ ਵਿਸ਼ੇਸ਼ ਪ੍ਰਾਪਤੀ 'ਤੇ ਉਕਤ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਗੁਰਮਤਿ ਮੁਕਾਬਲੇ ਬੱਚਿਆਂ ਦੀ ਸੂਰਤ ਤੇ ਸੀਰਤ ਦੋਨਾਂ ਨੂੰ ਨਿਖਾਰਦੇ ਹਨ ਅਤੇ ਉਹਨਾਂ ਦਾ ਸਰਬ ਪੱਖੀ ਵਿਕਾਸ ਕਰਦੇ ਹਨ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਜਸਬੀਰ ਸਿੰਘ ਸੰਧੂ ਨੇ ਆਪਣੀ ਕੀਮਤੀ ਸੁਨੇਹੇ ਵਿੱਚ ਉਕਤ ਵਿਦਿਆਰਥੀਆਂ, ਸਬੰਧਤ ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਬੱਚੇ ਦੇ ਆਤਮ ਵਿਸ਼ਵਾਸ ਵਿੱਚ ਵਾਧਾ ਕਰਦੇ ਹਨ ਅਤੇ ਭਵਿੱਖ ਵਿੱਚ ਨਵੀਆਂ ਯੋਜਨਾਵਾਂ ਉਲੀਕਣ ਦੇ ਸਮਰੱਥ ਬਣਾਉਂਦੇ ਹਨ।

# ਗਿਆਨ ਸਾਗਰ ਪਬਲਿਕ ਸਕੂਲ ਠੱਠੀ ਭਾਈ ਦੇ ਵੱਖ-ਵੱਖ ਖੇਤਰਾਂ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀ ਸਨਮਾਨਿਤ

**ਸੁਖਜਿੰਦਰ ਗਿੱਲ**

**ਮੋਗਾ/3 ਫਰਵਰੀ :** ਗਿਆਨ ਸਾਗਰ ਪਬਲਿਕ ਸਕੂਲ ਠੱਠੀ ਭਾਈ ਵਿਖੇ ਗੁਰਪ੍ਰੀਤ ਸਿੰਘ ਇੱਟਾਂ ਵਾਲੀ ਮੈਂਬਰ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ, ਚੰਡੀਗੜ੍ਹ ਵੱਲੋਂ ਉਚੇਚੇ ਤੌਰ ਤੇ ਪਹੁੰਚ ਕੇ ਵੱਖ ਵੱਖ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਬੱਚਿਆਂ ਨੂੰ ਸਨਮਾਣਿਤ ਕਰਕੇ ਓਹਨਾਂ ਦਾ ਹੌਂਸਲਾ ਅਫ਼ਜਾਈ ਕੀਤੀ ਗਈ। ਓਹਨਾਂ ਵੱਲੋਂ ਪੰਜਾਬੀ ਭਾਸ਼ਾ ਓਲੰਪੀਅਡ-2025 ਦੇ ਹੋਏ ਰਾਜ ਪੱਧਰੀ ਟੈਸਟ ਵਿਚੋਂ ਗਿਆਨ ਸਾਗਰ ਪਬਲਿਕ ਸਕੂਲ ਦੀ ਵਿਦਿਆਰਥਣ ਅਵਨੀਤ ਕੌਰ ਨੂੰ ਪੰਜਾਬ ਭਰ ਵਿੱਚੋਂ ਦੂਜਾ ਸਥਾਨ ਪ੍ਰਾਪਤ ਕਰਨ 'ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਐਜੂਕੇਟ ਪੰਜਾਬ ਪ੍ਰੋਜੈਕਟ ਵੱਲੋਂ ਲਏ ਗਏ ਇਮਤਿਹਾਨ ਵਿੱਚ ਮੈਰਿਟ ਸੂਚੀ ਵਿੱਚ ਸ਼ਾਮਲ ਹੋਣ ਵਾਲੇ ਬੱਚਿਆਂ ਨੂੰ ਨਕਦ ਰਾਸ਼ੀ, ਸਮਾਰਟ ਘੜੀਆਂ ਅਤੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਟ ਪੱਧਰ ਤੇ ਖੇਡਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਇਸ ਮੌਕੇ ਸਨਮਾਨ ਚਿੰਨ੍ਹ ਦਿੱਤੇ ਗਏ। ਸ. ਗੁਰਪ੍ਰੀਤ ਸਿੰਘ ਇੱਟਾਂ ਵਾਲੀ ਵੱਲੋਂ ਬੱਚਿਆਂ ਨੂੰ, ਸਕੂਲ ਸਟਾਫ਼ ਨੂੰ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਗਈ। ਇਸ ਸਨਮਾਨ ਸਮਾਰੋਹ ਮੌਕੇ ਸ਼੍ਰੀ ਮਤੀ ਸਤਿੰਦਰ ਕੌਰ ਬੀ ਐੱਨ ਓ ਬਾਘਾ ਪੁਰਾਣਾ, ਮੈਡਮ ਗੁਰਪ੍ਰੀਤ ਕੌਰ, ਅਤੇ ਹਰਜਿੰਦਰ ਸਿੰਘ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਸਕੂਲ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਅੰਗਰੇਜ਼ ਸਿੰਘ, ਸਕੱਤਰ ਗੁਰਨੈਬ ਸਿੰਘ, ਪ੍ਰਧਾਨ ਜਸਵਿੰਦਰ ਸਿੰਘ ਅਤੇ ਮੈਨਜਿੰਗ ਡਾਇਰੈਕਟਰ ਗੁਰਸੇਵਕ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਮੈਡਮ ਸੁਖਦੀਪ ਕੌਰ, ਡੀ ਪੀ ਅਵਤਾਰ ਸਿੰਘ ਸਾਹੋਕੇ, ਗੁਰਪ੍ਰੀਤ ਸਿੰਘ ਬੁਰਜ, ਮੈਡਮ ਕਮਲਜੀਤ ਕੌਰ ਅਤੇ ਬੱਚਿਆਂ ਦੇ ਮਾਪੇ ਆਦਿ ਤੋਂ ਇਲਾਵਾ ਸਮੂਹ ਸਟਾਫ਼ ਮੌਜੂਦ ਸੀ।



# ਜ਼ਿਲ੍ਹੇ 'ਚ ਗਊਧਨ ਨੂੰ ਲੰਪੀ ਸਕਿਨ ਬਿਮਾਰੀ ਤੋਂ ਬਚਾਉਣ ਲਈ ਮੁਫ਼ਤ ਟੀਕਾਕਰਨ ਮੁਹਿੰਮ ਸ਼ੁਰੂ

## ਪਸ਼ੂ ਪਾਲਕਾਂ ਨੂੰ ਪਸ਼ੂ ਪਾਲਣ ਵਿਭਾਗ ਦਾ ਸਹਿਯੋਗ ਕਰਨ ਦੀ ਅਪੀਲ

**ਸਲੀਮ/ਹਰਿੰਦਰ ਬਿੱਟੂ**

**ਮਾਲੇਰਕੋਟਲਾ/ਅਮਰਗੜ੍ਹ/3 ਫਰਵਰੀ :** ਕੈਬਨਿਟ ਮੰਤਰੀ ਪਸ਼ੂ ਪਾਲਣ ਗੁਰਮੀਤ ਸਿੰਘ ਖੁੱਡੀਆਂ ਦੀਆਂ ਹਦਾਇਤਾਂ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਸੁਖਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹੇ ਭਰ ਵਿੱਚ ਗਊਧਨ ਨੂੰ ਲੰਪੀ ਸਕਿਨ ਬਿਮਾਰੀ ਤੋਂ ਬਚਾਉਣ ਲਈ ਮੁਫ਼ਤ ਟੀਕਾਕਰਨ ਮੁਹਿੰਮ ਸਥਾਨਕ ਗਊਸ਼ਾਲਾ ਤੋਂ ਸ਼ੁਰੂ ਕੀਤੀ ਗਈ ਹੈ।



ਸੀਨੀਅਰ ਵੈਟਰਨਰੀ ਅਫ਼ਸਰ ਪਸ਼ੂ ਪਾਲਣ ਵਿਭਾਗ ਮਾਲੇਰਕੋਟਲਾ ਡਾ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ 02 ਫਰਵਰੀ ਤੋਂ 22 ਫਰਵਰੀ ਤੱਕ ਜ਼ਿਲ੍ਹੇ ਦੀਆਂ ਸਮੁੱਚੀਆਂ 36,000 ਗਊਆਂ ਦੀ ਗਊਸ਼ਾਲਾਵਾਂ ਅਤੇ ਘਰ-ਘਰ ਜਾ ਕੇ ਮੁਫ਼ਤ ਵੈਕਸੀਨੇਸ਼ਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 100 ਪ੍ਰਤੀਸ਼ਤ ਗਊਧਨ ਦਾ ਟੀਕਾਕਰਨ ਯਕੀਨੀ ਬਣਾਉਣ ਲਈ 16 ਟੀਮਾਂ ਦਾ ਗਠਨ ਕੀਤਾ ਗਿਆ ਹੈ ਅਤੇ ਵਿਭਾਗ ਵੱਲੋਂ ਲਗਭਗ 2,000 ਗਊਆਂ ਦਾ ਰੋਜ਼ਾਨਾ ਟੀਕਾਕਰਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਸਾਲ 2022 ਦੌਰਾਨ ਗਾਵਾਂ ਵਿੱਚ ਲੰਪੀ ਸਕਿਨ ਮਹਾਂਮਾਰੀ ਦਾ ਪ੍ਰਕੋਪ ਦੇਖਣ ਨੂੰ ਮਿਲਿਆ ਸੀ, ਜਿਸ ਦੀ ਰੋਕਥਾਮ ਲਈ ਪੰਜਾਬ ਸਰਕਾਰ ਵੱਲੋਂ ਮੁਫ਼ਤ ਗੋਟ ਪੌਕਸ ਵੈਕਸੀਨ ਸਾਰੀਆਂ ਗਾਵਾਂ ਨੂੰ ਲਗਾਈ ਗਈ ਸੀ। ਉਨ੍ਹਾਂ ਕਿਹਾ ਕਿ ਜਦੋਂ ਤੋਂ ਲੰਪੀ ਸਕਿਨ ਬਿਮਾਰੀ ਦੀ ਪਛਾਣ ਹੋਈ ਅਤੇ ਗਊਆਂ ਦਾ ਟੀਕਾਕਰਨ ਸ਼ੁਰੂ ਕੀਤਾ ਗਿਆ ਹੈ, ਉਦੋਂ ਤੋਂ ਹੁਣ ਤੱਕ ਕਿਸੇ ਵੀ ਗਊ ਨੇ ਆਪਣੀ ਜਾਨ ਨਹੀਂ ਗਵਾਈ । ਡਾ. ਸੁਖਵਿੰਦਰ ਸਿੰਘ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਪਸ਼ੂ ਪਾਲਣ ਵਿਭਾਗ ਦਾ ਪੂਰਾ ਸਹਿਯੋਗ ਕੀਤਾ ਜਾਵੇ ਅਤੇ ਵਿਭਾਗ ਵੱਲੋਂ ਮੰਗੀ ਜਾਣਕਾਰੀ ਸਮੇਂ ਸਿਰ ਦਿੱਤੀ ਜਾਵੇ, ਤਾਂ ਜੋ ਸਮੁੱਚੀ ਟੀਕਾਕਰਨ ਮੁਹਿੰਮ ਦਾ ਰਿਕਾਰਡ ਸਰਕਾਰੀ ਪੋਰਟਲ 'ਤੇ ਦਰਜ ਕੀਤਾ ਜਾ ਸਕੇ। ਇਸ ਮੌਕੇ ਵੈਟਨਰੀ ਅਫਸਰ ਡਾ. ਵਿਕਰਮ ਕਪੂਰ, ਸੀਨੀਅਰ ਵੈਟਨਰੀ ਇੰਸਪੈਕਟਰ ਸੁਖਰਾਜ ਪ੍ਰੀਤ ਸਿੰਘ ਹਾਜਰ ਸਨ।

# ਮਹਾਂ ਸ਼ਿਵਰਾਤਰੀ ਮੌਕੇ ਮਾਲ ਸਾਹਿਬ ਦੇ ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ 'ਚ ਵਿਸ਼ਾਲ ਸਮਾਗਮਾਂ ਦੀ ਤਿਆਰੀ, 11 ਨੂੰ ਨਿਕਲੇਗੀ ਬਾਬਾ ਭੋਲੇ ਦੀ ਬਰਾਤ

**ਵਿੱਕੀ ਬਾਂਸਲ**

**ਬਾਘਾ ਪੁਰਾਣਾ/3 ਫਰਵਰੀ :** ਮਾਲ ਸਾਹਿਬ ਸਥਿਤ ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ ਦੀ ਇੱਕ ਅਹਿਮ ਮੀਟਿੰਗ ਪ੍ਰਧਾਨ ਰਾਜ ਕੁਮਾਰ ਗਰਗ ਦੀ ਅਗਵਾਈ ਹੇਠ ਆਯੋਜਿਤ ਹੋਈ, ਜਿਸ ਵਿੱਚ ਮਹਾਂ ਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਨੂੰ 15 ਫਰਵਰੀ ਦਿਨ ਐਤਵਾਰ ਨੂੰ ਬੜੀ ਹੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਉਣ ਸੰਬੰਧੀ ਵਿਸਥਾਰਪੂਰਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਤਿਉਹਾਰ ਦੀ ਸੁਚੱਜੀ ਵਿਵਸਥਾ ਲਈ ਕਮੇਟੀ ਦੇ ਸਾਰੇ ਮੈਂਬਰਾਂ ਦੀਆਂ ਡਿਊਟੀਆਂ ਨਿਰਧਾਰਤ ਕੀਤੀਆਂ ਗਈਆਂ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਾ ਆਵੇ। ਕਮੇਟੀ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਮਹਾਂ ਸ਼ਿਵਰਾਤਰੀ ਤੋਂ ਪਹਿਲਾਂ 11 ਫਰਵਰੀ ਦਿਨ ਬੁੱਧਵਾਰ ਨੂੰ ਵਿਸ਼ਾਲ ਸ਼ੋਭਾ ਯਾਤਰਾ 'ਬਾਬਾ ਭੋਲੇ ਦੀ ਬਰਾਤ' ਕੱਢੀ ਜਾਵੇਗੀ। ਇਹ ਸ਼ੋਭਾ ਯਾਤਰਾ ਦੁਪਿਹਰ 1 ਵਜੇ ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ ਤੋਂ ਰਵਾਨਾ ਹੋ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦੀ ਪ੍ਰਤੀਕਰਮਾ ਕਰੇਗੀ। ਇਸ ਸ਼ੁਭ ਯਾਤਰਾ



ਨੂੰ ਹਰੀ ਝੰਡੀ ਦੇਣ ਦੀ ਰਸਮ ਸ਼੍ਰੀ ਸੁਖਨੰਦਨ ਅਗਰਵਾਲ (ਮੈ: ਸੁਖਨੰਦਨ ਕੁਮਾਰ ਐਂਡ ਕੰਪਨੀ, ਰਾਜਿਆਨਾ ਵਾਲੇ ਆੜਤੀ) ਦੇ ਪਰਿਵਾਰ ਵੱਲੋਂ ਅਦਾ ਕੀਤੀ ਜਾਵੇਗੀ। 15 ਫਰਵਰੀ ਦਿਨ ਐਤਵਾਰ ਨੂੰ ਸ਼ਿਵਰਾਤਰੀ ਦੇ ਮੁੱਖ ਦਿਹਾੜੇ ਮੌਕੇ ਬਾਬਾ ਭੋਲੇ ਨਾਥ ਜੀ ਦਾ ਵਿਸ਼ਾਲ ਭੰਡਾਰਾ ਦੁਪਿਹਰ 12 ਵਜੇ ਤੋਂ ਅਟੁੱਟ ਵਰਤੇਗਾ। ਲੰਗਰ ਦੇ ਉਦਘਾਟਨ ਦੀ ਰਸਮ ਐਡਵੋਕੇਟ ਸ਼੍ਰੀ ਅਮਿਤ ਅਗਰਵਾਲ (ਪ੍ਰਧਾਨ, ਯੂਥ ਅਗਰਵਾਲ ਸਭਾ ਬਾਘਾ ਪੁਰਾਣਾ) ਵੱਲੋਂ ਕੀਤੀ ਜਾਵੇਗੀ। ਇਸ ਦਿਨ ਚਾਰ ਪਹਿਰ ਦੀ ਵਿਸ਼ੇਸ਼ ਸ਼ਿਵਰਾਤਰੀ ਪੂਜਾ ਅਰਚਨਾ ਹੋਵੇਗੀ। ਇਸ ਤੋਂ ਇਲਾਵਾ ਬਾਬਾ ਬਰਫਾਨੀ ਕਾਂਵੜ ਸੰਘ ਵੱਲੋਂ ਪਵਿੱਤਰ ਗੰਗਾ ਜਲ ਨਾਲ ਕਾਂਵੜ ਦੀ ਹਾਜ਼ਰੀ ਲਗਾਈ ਜਾਵੇਗੀ, ਜੋ ਭਗਤਾਂ ਲਈ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਹੇਗੀ। ਕਮੇਟੀ ਨੇ ਸਮੂਹ ਸ਼ਹਿਰ ਨਿਵਾਸੀਆਂ ਅਤੇ ਭਗਤ ਜਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਪਰਿਵਾਰ ਸਮੇਤ ਸ਼ੋਭਾ ਯਾਤਰਾ ਅਤੇ ਧਾਰਮਿਕ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਭੋਲੇ ਬਾਬਾ ਦੀ ਬਰਾਤ ਦੇ ਬਰਾਤੀ ਬਣਨ ਅਤੇ ਧਾਰਮਿਕ ਲਾਭ ਪ੍ਰਾਪਤ ਕਰਨ। ਇਸ ਮੌਕੇ ਪ੍ਰਧਾਨ ਰਾਜ ਕੁਮਾਰ ਗਰਗ, ਦੀਪਕ ਬਾਂਸਲ ਰੇਲੂ, ਜਸਵੀਰ ਕੁਮਾਰ ਸ਼ੇਰੀ, ਯੋਗੇਸ਼ ਬਾਂਸਲ ਯੋਗੀ, ਲਵਪ੍ਰੀਤ ਸਿੰਘ ਲਵ, ਗਗਨ ਗੋਇਲ, ਸੁਰਿੰਦਰ ਕੁਮਾਰ, ਸੁਮਿਤ ਸਾਹਿਲ ਚੰਚਲ, ਜਤਿਨ ਅਰੋੜਾ, ਜੁਗਨੂੰ ਗਰੋਵਰ, ਚੰਦਨ ਗਰੋਵਰ, ਸਾਹਿਲ ਕੁਮਾਰ, ਕਮਲ ਕਿਸ਼ੋਰ, ਕਾਕੂ ਸ਼ਰਮਾ ਪੁਜਾਰੀ, ਕੇਵਲ ਕੁਮਾਰ ਬਿੱਟਾ, ਜੋਨੀ ਗਰਗ, ਵਿਮਲ ਗਰਗ ਵਿੱਕੀ, ਮੁਨੀਸ਼ ਗਰਗ ਟੀਨੀ, ਰਿੰਪੀ ਬਾਂਸਲ, ਅਰੁਣ ਬਾਂਸਲ, ਰਿੰਕੂ ਮੰਗਲਾ, ਜਸ਼ਨ ਝੰਜੀ ਆਦਿ ਹਾਜ਼ਰ ਸਨ।

# ਸਰਕਾਰਾਂ ਖ਼ਿਲਾਫ਼ ਸੰਘਰਸ਼ ਵਿੱਢਣ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 6 ਨੂੰ ਹੋਵੇਗੀ ਅਰਦਾਸ

**ਪ੍ਰੇਮਜੀਤ ਸਿੰਘ ਗਰੇਵਾਲ**

**ਭਵਾਨੀਗੜ੍ਹ/3 ਫਰਵਰੀ :** ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਬਲਾਕ ਪੱਧਰੀ ਮੀਟਿੰਗ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਜਿਲ੍ਹਾ ਪ੍ਰਧਾਨ ਵੀ ਹਾਜਰ ਹੋਏ। ਮੀਟਿੰਗ ਵਿਚ ਵੱਖ-2 ਮੁੱਦਿਆਂ ਤੇ ਚਰਚਾ ਹੋਈ ਅਤੇ ਬੁਲਾਰਿਆਂ ਨੇ ਦੱਸਿਆ ਕਿ ਜੋ ਕੇਂਦਰ ਸਰਕਾਰ ਦਾ ਬਜਟ ਪੇਸ਼ ਹੋਇਆ ਉਸ ਵਿਚ ਕਿਸਾਨਾਂ, ਮਜ਼ਦੂਰਾਂ ਤੇ ਛੋਟੇ ਦੁਕਾਨਦਾਰਾਂ ਲਈ ਕੁਝ ਵੀ ਨਹੀਂ ਰੱਖਿਆ ਗਿਆ। ਸਰਕਾਰ



ਕਿਸਾਨਾਂ ਲਈ ਚਿੰਤਤ ਨਹੀਂ ਹੈ, ਇਸ ਲਈ ਬਜਟ ਨੂੰ ਕਿਸਾਨ ਮਾਰੂ ਬਜਟ ਦੱਸਿਆ ਗਿਆ। ਜਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਦੱਸਿਆ ਕਿ ਆਪਣੀ ਜਥੇਬੰਦੀ ਵਲੋਂ ਪਾਣੀਆਂ ਦੇ ਮੁੱਦੇ ਅਤੇ ਕਿਸਾਨਾਂ ਦੇ ਕਰਜ ਮੁਆਫੀ ਲਈ ਬਿਜਲੀ ਸ਼ੋਧ ਬਿਲ ਤੇ ਬੀਜ ਸ਼ੋਧ ਬਿਲ ਲਈ ਅਤੇ ਮਨਰੇਗਾ ਸਕੀਮ ਦਾ ਖਾਤਮਾ ਕਰਨ ਤੇ ਸਰਕਾਰਾਂ ਖਿਲਾਫ ਆਉਣ ਵਾਲੇ ਸਮੇਂ ਵੱਡੀ ਲੜਾਈ ਲੜਨ ਲਈ ਅਕਾਲ ਤਖਤ ਅੰਮ੍ਰਿਤਸਰ ਸਾਹਿਬ ਵਿਖੇ 6 ਫਰਵਰੀ ਨੂੰ ਅਰਦਾਸ ਕਰਨ ਲਈ ਸਾਰੇ ਕਿਸਾਨ ਆਗੂਆਂ ਨੇ ਪਹੁੰਚਣਾ ਹੈ। ਉਸ ਲਈ ਕਿਸਾਨਾਂ ਨੂੰ ਸਹੀ 12 ਵਜੇ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚਣ ਦਾ ਸੱਦਾ ਦਿੱਤਾ ਗਿਆ। ਬਲਾਕ ਪ੍ਰਧਾਨ ਨੇ ਆਏ ਸਾਰੇ ਆਗੂਆਂ ਦਾ ਧੰਨਵਾਦ ਕੀਤਾ। ਇਸ ਮੌਕੇ ਬਲਜਿੰਦਰ ਸਿੰਘ ਅਤੇ ਰੇਹੀ ਸਿੰਘ ਸੰਘਰੇੜੀ, ਜਸਪਾਲ ਸਿੰਘ ਘਰਾਚੋਂ, ਕੁਲਜੀਤ ਸਿੰਘ ਅਤੇ ਰਾਜਿੰਦਰ ਸਿੰਘ ਨਾਗਰਾ, ਬਲਵੀਰ ਸਿੰਘ ਅਤੇ ਸਿਕੰਦਰ ਸਿੰਘ ਅਕਬਰਪੁਰ, ਗੁਰਜੰਟ ਸਿੰਘ ਰਾਏਸਿੰਘਵਾਲਾ, ਮੀਤ ਪ੍ਰਧਾਨ ਗੁਰਦੀਪ ਸਿੰਘ, ਕੁਲਵਿੰਦਰ ਸਿੰਘ, ਹਰਬੰਸ ਸਿੰਘ ਆਲੋਅਰਖ, ਯਾਦਵਿੰਦਰ ਸਿੰਘ ਘਰਾਚੋਂ, ਰਛਪਾਲ ਸਿੰਘ ਭਵਾਨੀਗੜ੍ਹ ਅਤੇ ਸਰਬਜੀਤ ਸਿੰਘ ਕਪਿਆਲ ਆਦਿ ਵੀ ਹਾਜਰ ਹੋਏ।


## ਰੀਜੈਂਸੀ ਫਿਨਕੋਰਪ ਲਿਮਟਿਡ

ਰਜਿ. ਦਫਤਰ : ਐਸਸੀਓ ਨੰ. 6, ਸ਼ਿਖਰਲੀ ਮੰਜਿਲ ਐਲਏ ਐਮਈਆਰ ਪੀਆਰ-7, ਏਅਰਪੋਰਟ ਰੋਡ, ਜ਼ੀਰਕਪੁਰ, ਮੋਹਾਲੀ, ਪੰਜਾਬ 140603
ਸੀਆਈਐਨ : L67120PB1993PLC013169, ਫੋਨ : +91-1762-424697
ਵੈਬਸਾਈਟ : www.regencyfincorp.co.in, ਈਮੇਲ ਆਈਡੀ : regencyinvestmentsltd@gmail.com

ਮਿਤੀ 31 ਦਸੰਬਰ, 2025 ਨੂੰ ਖਤਮ ਹੋਈ ਤਿਮਾਹੀ ਦੇ ਅਣਪੜਤਾਲੇ ਵਿੱਤੀ ਨਤਿਜਿਆਂ ਦਾ ਸਾਰ

(ਰੁਪਏ ਲੱਖਾਂ 'ਚ)

| ਲੜੀ ਨੰ. | ਵੇਰਵੇ | ਤਿਮਾਹੀ ਖਾਤਮਾ 31.12.2025 | ਤਦਨੁਸਾਰ ਪਿਛਲੇ ਸਾਲ ਦਾ ਤਿਮਾਹੀ ਖਾਤਮਾ 31.12.2024 | ਪਿਛਲਾ ਸਾਲ ਖਾਤਮਾ 31.03.2025 |
|---|---|---|---|---|
| 1 | ਕਾਰੋਬਾਰ ਤੋਂ ਕੁੱਲ ਆਮਦਨ | 862.57 | 515.70 | 1995.56 |
| 2 | ਸ਼ੁੱਧ ਲਾਭ/(ਘਾਟਾ) ਸਮੇਂ ਲਈ (ਟੈਕਸ, ਅਸਧਾਰਨ ਮੱਦਾਂ ਤੋਂ ਪਹਿਲਾਂ) | 459.66 | 137.53 | 669.34 |
| 3 | ਸ਼ੁੱਧ ਲਾਭ/(ਘਾਟਾ) ਸਮੇਂ ਲਈ ਟੈਕਸ ਤੋਂ ਪਹਿਲਾਂ (ਅਸਧਾਰਨ ਮੱਦਾਂ ਤੋਂ ਬਾਅਦ) | 459.66 | 137.53 | 669.34 |
| 4 | ਸ਼ੁੱਧ ਲਾਭ/(ਘਾਟਾ) ਸਮੇਂ ਲਈ ਟੈਕਸ ਤੋਂ ਬਾਅਦ (ਅਸਧਾਰਨ ਮੱਦਾਂ ਤੋਂ ਬਾਅਦ) | 340.44 | 102.92 | 497.57 |
| 5 | ਕੁਲ ਵਿਆਪਕ ਆਮਦਨ ਸਮੇਂ ਲਈ (ਜਿਸ ਵਿਚ ਸ਼ਾਮਲ ਲਾਭ/(ਹਾਨੀ) ਸਮੇਂ ਲਈ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)) | 340.44 | 102.92 | 497.57 |
| 6 | ਸੁਨੀਤੀ ਸ਼ੇਅਰ ਪੂੰਜੀ | 8017.11 | 8017.11 | 6359.46 |
| 7 | ਰਾਖਵੇਂ (ਮੁਲਾਂਕਣ ਰਖਵੇਂ ਤੋਂ ਬਗੈਰ) | - | - | 4103.68 |
| 8 | ਪ੍ਰਤੀ ਸ਼ੇਅਰ ਆਮਦਨ (ਰੁ. 10/- ਹਰੇਕ) | | | |
| | 1. ਮੁੱਢਲੇ (ਰੁ.) | 0.42 | 1.23 | 0.78 |
| | 2. ਡਿਲੂਟਿਡ (ਰੁ.) | 0.37 | 1.08 | 0.78 |

ਨੋਟ :
1. ਉਪਰੋਕਤ ਦਰਸ਼ਾਏ ਅੰਕੜੇ ਸੇਬੀ (ਲਿਸਟਿੰਗ ਓਬਲੀਗੇਸ਼ਨਜ ਐਂਡ ਡਿਸਕਲੋਜ਼ਰ ਰਿਕੁਆਰਮੈਂਟਸ) ਰੈਗੂਲੇਸ਼ਨ 2015 ਦੇ ਰੈਗੂਲੇਸ਼ਨ 33 ਤਹਿਤ ਸਟਾਕ ਐਕਸਚੇਂਜ ਵਿਖੇ ਦਰਸ਼ਾਏ ਗਏ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ ਹੈ। ਇਸ ਸਾਰ ਦੇ ਵਿਸਤਰਿਤ ਵਿੱਤੀ ਨਤੀਜੇ ਆਡੀਟ ਕਮੇਟੀ ਦੁਆਰਾ ਜਾਂਚੇ ਗਏ ਅਤੇ ਮਿਤੀ 2 ਫਰਵਰੀ, 2026 ਨੂੰ ਹੋਈ ਮੀਟਿੰਗ ਵਿਖੇ ਕੰਪਨੀ ਦੇ ਬੋਰਡ ਆਫ ਡਾਇਰੈਕਟਰਾਂ ਦੁਆਰਾ ਮੰਜੂਰ ਕੀਤੇ ਗਏ। ਅਣਪੜਤਾਲੇ ਵਿਤੀ ਨਤੀਜਿਆਂ ਦੀ ਸਟੇਟਮੇਂਟ ਦਾ ਪੂਰਾ ਵੇਰਵਾ ਕੰਪਨੀ ਦੀ ਵੈਬਸਾਈਟ (www.regencyfincorp.co.in) ਅਤੇ ਬੀਐਸਈ ਲਿਮਟਿਡ ਦੀ ਵੈਬਸਾਈਟ (www.bseindia.com) 'ਤੇ ਉਪਲੱਬਧ ਹੈ। ਇਸ ਨੂੰ ਹੇਠ ਦਰਸ਼ਾਏ ਕਿਊਆਰ ਕੋਡ ਨੂੰ ਸਕੈਨ ਕਰਕੇ ਵੀ ਦੇਖਿਆ ਜਾ ਸਕਦਾ ਹੈ।

ਸਥਾਨ : ਜ਼ੀਰਕਪੁਰ
ਮਿਤੀ : 02 ਫਰਵਰੀ, 2026

ਲਈ ਰੀਜੈਂਸੀ ਫਿਨਕੋਰਪ ਲਿਮਟਿਡ
ਸਹੀ/-
ਗੌਰਵ ਕੁਮਾਰ
ਮੈਨੇਜਿੰਗ ਡਾਇਰੈਕਟਰ
ਡੀਆਈਐਨ: 06717452


# ਰਿਗਵੇਦ ਇੰਟਰਨੈਸ਼ਨਲ ਸਕੂਲ ਟੋਹਾਣਾ ਵੱਲੋਂ ਟੈਲੇਂਟ ਹੰਟ ਕਮ ਸਕਾਲਰਸ਼ਿਪ ਟੈਸਟ

**ਗਰਗ**

**ਮੂਨਕ/3 ਫਰਵਰੀ :** ਰਿਗਵੇਦ ਇੰਟਰਨੈਸ਼ਨਲ ਸਕੂਲ, ਟੋਹਾਣਾ ਨੇ ਇੱਕ ਸ਼ਾਨਦਾਰ, ਸੁਚੱਜੇ ਢੰਗ ਨਾਲ ਆਯੋਜਿਤ ਅਤੇ ਅਨੁਸ਼ਾਸਿਤ ਸਕਾਲਰਸ਼ਿਪ-ਕਮ-ਟੈਲੈਂਟ ਹੰਟ ਪ੍ਰੀਖਿਆ ਦੀ ਮੇਜ਼ਬਾਨੀ ਕੀਤੀ। ਟੋਹਾਣਾ ਸਮੇਤ ਜਾਖਲ, ਮੂਨਕ ਅਤੇ ਆਸ ਪਾਸ ਦੇ ਖੇਤਰਾਂ ਦੇ ਵੱਖ-ਵੱਖ ਸਕੂਲਾਂ ਦੇ 1,100 ਤੋਂ ਵੱਧ ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਹਿੱਸਾ ਲਿਆ, ਆਪਣੀ ਅਕਾਦਮਿਕ ਯੋਗਤਾਵਾਂ, ਤਰਕਪੂਰਨ ਤਰਕ ਅਤੇ ਬੌਧਿਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਪ੍ਰੀਖਿਆ ਕੇਂਦਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੋਵਾਂ ਵਿੱਚ ਉਤਸ਼ਾਹ ਅਤੇ ਸਕਾਰਾਤਮਕ ਮਾਹੌਲ ਨਾਲ ਭਰਿਆ ਹੋਇਆ ਸੀ। ਪ੍ਰੀਖਿਆ ਲਈ ਸਕੂਲ ਪ੍ਰਬੰਧਨ ਦੇ ਪ੍ਰਬੰਧ ਸ਼ਲਾਘਾਯੋਗ ਸਨ, ਜਿਸ ਨਾਲ ਸ਼ਾਂਤੀਪੂਰਨ ਅਤੇ ਸਫਲਤਾਪੂਰਵਕ ਸਮਾਪਤੀ ਯਕੀਨੀ ਬਣਾਈ ਗਈ। ਇਹ ਸਕਾਲਰਸ਼ਿਪ-ਕਮ-ਟੈਲੈਂਟ ਹੰਟ ਪ੍ਰੀਖਿਆ 6ਵੀਂ ਤੋਂ 11ਵੀਂ ਜਮਾਤ ਦੇ ਵਿਦਿਆਰਥੀਆਂ ਲਈ ਆਯੋਜਿਤ ਕੀਤੀ ਗਈ ਸੀ। ਇਸਦਾ ਮੁੱਖ ਉਦੇਸ਼ ਪ੍ਰਤਿਭਾਸ਼ਾਲੀ ਅਤੇ ਹੋਣਹਾਰ ਵਿਦਿਆਰਥੀਆਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਵਿਦਿਅਕ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਢੁਕਵੀਂ ਮਾਰਗਦਰਸ਼ਨ, ਸਕਾਲਰਸ਼ਿਪ ਅਤੇ ਉਤਸ਼ਾਹ ਪ੍ਰਦਾਨ ਕਰਨਾ ਸੀ। ਇਹ ਪ੍ਰੀਖਿਆ ਉਸੇ ਦਿਨ ਜਾਖਲ ਅਤੇ ਮੂਨਕ ਵਿੱਚ ਵੀ ਸਫਲਤਾਪੂਰਵਕ ਆਯੋਜਿਤ ਕੀਤੀ ਗਈ ਸੀ। ਇਹ ਪ੍ਰੀਖਿਆ ਬਹੁ-ਚੋਣ ਵਾਲੇ ਪ੍ਰਸ਼ਨਾਂ 'ਤੇ ਅਧਾਰਤ ਸੀ, ਜਿਸ ਵਿੱਚ



ਗਣਿਤ, ਵਿਗਿਆਨ, ਸਮਾਜਿਕ ਵਿਗਿਆਨ ਅਤੇ ਮਾਨਸਿਕ ਯੋਗਤਾ ਵਰਗੇ ਮੁੱਖ ਵਿਸ਼ੇ ਸ਼ਾਮਲ ਸਨ। ਪ੍ਰਸ਼ਨ ਪੱਤਰ ਦਾ ਪੱਧਰ ਵਿਦਿਆਰਥੀਆਂ ਦੀ ਸਮਝ, ਵਿਸ਼ਲੇਸ਼ਣਾਤਮਕ ਯੋਗਤਾ ਅਤੇ ਪ੍ਰਤੀਯੋਗੀ ਸੋਚ ਦੀ ਜਾਂਚ ਕਰਨ ਲਈ ਤਿਆਰ ਕੀਤਾ ਗਿਆ ਸੀ। ਪ੍ਰੀਖਿਆ ਵਿੱਚ ਉੱਤਮ ਰਹਿਣ ਵਾਲੇ ਵਿਦਿਆਰਥੀਆਂ ਨੂੰ ਆਕਰਸ਼ਕ ਇਨਾਮ ਦਿੱਤੇ ਜਾਣਗੇ। 6ਵੀਂ ਤੋਂ 8ਵੀਂ ਜਮਾਤ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਮਾਰਟ ਘੜੀਆਂ ਦਿੱਤੀਆਂ ਜਾਣਗੀਆਂ, ਜਦੋਂ ਕਿ 9ਵੀਂ ਤੋਂ 11ਵੀਂ ਜਮਾਤ ਵਿੱਚ ਪਹਿਲਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਲੈਪਟਾਪ ਦਿੱਤੇ ਜਾਣਗੇ, ਅਤੇ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਮਾਰਟ ਘੜੀਆਂ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ, ਹੋਣਹਾਰ ਵਿਦਿਆਰਥੀ ਪ੍ਰੀਖਿਆ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਕੇ 80 ਪ੍ਰਤੀਸ਼ਤ ਤੱਕ ਸਕਾਲਰਸ਼ਿਪ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਰਾਜਨ ਦੂਬੇ ਨੇ ਕਿਹਾ ਕਿ ਅਜਿਹੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਨਾ ਸਿਰਫ਼ ਵਿਦਿਆਰਥੀਆਂ ਦੇ ਆਤਮਵਿਸ਼ਵਾਸ ਨੂੰ ਵਧਾਉਂਦੀਆਂ ਹਨ ਸਗੋਂ ਉਨ੍ਹਾਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਵੀ ਨਿਖਾਰਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਯਤਨ ਵਿਦਿਆਰਥੀਆਂ ਨੂੰ ਟੀਚਾ ਨਿਰਧਾਰਨ, ਅਨੁਸ਼ਾਸਨ ਅਤੇ ਸਖ਼ਤ ਮਿਹਨਤ ਦੀ ਮਹੱਤਤਾ ਨੂੰ ਸਮਝਣ ਵਿੱਚ ਮਦਦ ਕਰਦੇ ਹਨ, ਜਿਸ ਨਾਲ ਇੱਕ ਉੱਜਵਲ ਭਵਿੱਖ ਦੀ ਨੀਂਹ ਰੱਖੀ ਜਾਂਦੀ ਹੈ। ਸਕੂਲ ਦੇ ਚੇਅਰਮੈਨ ਪ੍ਰਦੀਪ ਕੁਮਾਰ ਮਡੀਆ ਨੇ ਆਰਐਸਆਈਪੀ (ਰਿਗਵੇਦ ਸਕੂਲ ਇੰਟੀਗ੍ਰੇਟਿਡ ਪ੍ਰੋਗਰਾਮ) ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਪ੍ਰੋਗਰਾਮ ਤਹਿਤ, ਵਿਦਿਆਰਥੀਆਂ ਨੂੰ ਘੱਟ ਫੀਸ 'ਤੇ ਤਜਰਬੇਕਾਰ ਅਤੇ ਯੋਗ ਅਧਿਆਪਕਾਂ ਦੁਆਰਾ ਆਈਆਈਟੀ-ਜੇਈਈ, ਨੀਟ, ਏਮਜ਼, ਐਨਟੀਐਸਈ, ਓਲੰਪੀਆਡ ਅਤੇ ਹੋਰ ਵੱਕਾਰੀ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਤਿਆਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਪਣੇ ਖੇਤਰ ਵਿੱਚ ਉੱਚ-ਪੱਧਰੀ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਗੁਣਵੱਤਾਪੂਰਨ ਤਿਆਰੀ ਪ੍ਰਦਾਨ ਕਰਨਾ ਹੈ, ਤਾਂ ਜੋ ਉਨ੍ਹਾਂ ਨੂੰ ਬਾਹਰ ਜਾਣ ਦੀ ਜ਼ਰੂਰਤ ਨਾ ਪਵੇ।

